29page10.qxd 11/28/2024 10:41 PM Page 1

ਭਾਰਤ ਨੂੰ ਸਾਈਬਰ ਯੁਧ, ਜਲਵਾਯੂ ਤਬਦੀਲੀ ਵਰਗੀਆਂ ਚੁਨੌਤੀਆਂ ਨਾਲ ਨਜਿੱਠਣ ਲਈ ਤਿਆਰ ਰਹਿਣਾ ਹੋਵੇਗਾ : ਰਾਸ਼ਟਰਪਤੀ ਮੁਰਮੂ

ਕਿਹਾ, ਭਾਰਤ ਨੂੰ ਇਕ ਪ੍ਰਮੁੱਖ ਰੱਖਿਆ ਨਿਰਮਾਣ ਕੇਂਦਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ

ਉਧਗਮੰਡਲਮ (ਤਾਮਿਲਨਾਡੂ), 28 ਨਵੰਬਰ : ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵੀਰਵਾਰ ਨੂੰ ਇੱਥੇ ਕਿਹਾ ਕਿ ਭਾਰਤ ਨੂੰ ਤੇਜ਼ੀ ਨਾਲ ਬਦਲਦੇ ਭੂ-ਰਾਜਨੀਤਕ ਦ੍ਰਿਸ਼ ਜਿਸ ਵਿਚ ਸਾਈਬਰ ਯੁੱਧ ਅਤੇ ਅਤਿਵਾਦ ਵਰਗੀਆਂ ਰਾਸ਼ਟਰੀ ਸੁਰੱਖਿਆ ਚੁਨੌਤੀਆਂ ਸ਼ਾਮਲ ਹਨ, ਵਿਚ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਰਹਿਣਾ ਚਾਹੀਦਾ ਹੈ। ਉਨ੍ਹਾਂ ਰਾਸ਼ਟਰੀ ਅਤੇ ਗਲੋਬਲ ਦ੍ਰਿਸ਼ਾਂ ਦੀ ਡੂੰਘੀ ਸਮਝ ਵਿਕਸਿਤ ਕਰਨ ਦੀ ਜ਼ਰੂਰਤ 'ਤੇ ਵੀ ਜ਼ੋਰ ਦਿਤਾ ਕਿਉਂਕਿ ਭੂ-ਰਾਜਨੀਤਕ ਗਤੀਸ਼ੀਲਤਾ ਨੇ ਸੁਰੱਖਿਆ ਦੇ ਦ੍ਰਿਸ਼ ਨੂੰ ਬਦਲ ਦਿਤਾ ਹੈ।

ਨੀਲਗਿਰੀ ਜ਼ਿਲ੍ਹੇ ਵਿਚ ਵੈਲਿੰਗਟਨ ਵਿਚ ਰਖਿਆ ਸੇਵਾਵਾਂ ਸਟਾਫ਼ ਕਾਲਜ ਵਿਚ ਅਪਣੇ ਸੰਬੋਧਨ 'ਚ ਰਾਸ਼ਟਰਪਤੀ ਨੇ ਕਿਹਾ, "ਜਲਵਾਯੂ ਤਬਦੀਲੀ ਦਾ ਮੁੱਦਾ ਇਕ ਨਵਾਂ ਮੁਕਾਮ ਹਾਸਲ ਕਰ ਰਿਹਾ ਹੈ ਜਿਸਨੂੰ ਸਮਝਣ ਅਤੇ ਪ੍ਰਬੰਧਨ ਦੀ ਲੋੜ ਹੈ। ਨਵੀਨਤਮ ਆਧੁਨਿਕ ਤਕਨਾਲੋਜੀ ਨੂੰ ਲਾਗੂ ਕਰਨ ਦੀ ਲੋੜ ਹੈ। ਮੈਨੂੰ ਭਰੋਸਾ ਹੈ ਕਿ ਸਾਡੇ ਹਥਿਆਰਬੰਦ ਅਧਿਕਾਰੀ ਭਵਿੱਖ ਦੀਆਂ ਚੁਨੌਤੀਆਂ ਦਾ ਸਾਹਮਣਾ ਕਰਨਗੇ।" ਮੁਰਮੂ ਨੇ ਕਿਹਾ, 'ਤੇਜ਼ੀ ਨਾਲ ਬਦਲ ਰਹੇ ਭੂ-ਰਾਜਨੀਤਕ ਮਾਹੌਲ ਵਿਚ, ਸਾਨੂੰ ਕਿਸੇ ਵੀ ਸਥਿਤੀ ਨਾਲ ਨਜਿੱਠਣ ਲਈ ਤਿਆਰ ਰਹਿਣਾ ਹੋਵੇਗਾ।' ਉਨ੍ਹਾਂ ਕਿਹਾ, "ਭੂ-ਰਾਜਨੀਤਕ ਗਤੀਸ਼ੀਲਤਾ ਨੇ ਸੁਰੱਖਿਆ ਦਾ ਦ੍ਰਿਸ਼ ਬਦਲ ਦਿਤਾ ਹੈ ਅਤੇ ਰਾਸ਼ਟਰੀ ਅਤੇ ਗਲੋਬਲ ਸਥਿਤੀਆਂ ਦੀ ਡੂੰਘੀ ਸਮਝ ਵਿਕਸਿਤ ਕਰਨ ਦੀ ਲੋੜ ਹੈ। ਸਾਨੂੰ ਨਾ ਸਿਰਫ਼ ਅਪਣੇ ਰਾਸ਼ਟਰੀ ਹਿਤਾਂ ਨੂੰ ਸੁਰੱਖਿਅਤ ਕਰਨਾ ਹੋਵੇਗਾ ਸਗੋਂ ਸਾਈਬਰ ਯੁਧ ਅਤੇ ਅਤਿਵਾਦ ਵਰਗੀਆਂ ਰਾਸ਼ਟਰੀ ਸੁਰੱਖਿਆ ਚੁਨੌਤੀਆਂ ਲਈ ਵੀ ਤਿਆਰ ਰਹਿਣਾ ਹੋਵੇਗਾ। ਮੁਰਮੂ ਨੇ ਕਿਹਾ ਕਿ ਭਾਰਤ ਅੱਗੇ ਵਧ ਰਿਹਾ ਹੈ ਅਤੇ ਦੁਨੀਆ ਰਖਿਆ ਸਮੇਤ ਵੱਖ-ਵੱਖ ਖੇਤਰਾਂ ਵਿਚ ਦੇਸ਼ ਦੀ ਭੂਮਿਕਾ ਨੂੰ ਸਵੀਕਾਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਥਿਆਰਬੰਦ ਬਲਾਂ ਦੀਆਂ ਲੋੜਾਂ ਅਤੇ ਚੁਣੌਤੀਆਂ ਨੂੰ ਪੂਰਾ ਕਰਨ ਲਈ ਦੇਸ਼ ਸਵਦੇਸ਼ੀਕਰਨ ਅਤੇ ਸਵੈ-ਨਿਰਭਰਤਾ ਵਲ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤ ਨੂੰ ਇਕ ਪ੍ਰਮੁੱਖ ਰਖਿਆ ਨਿਰਮਾਣ ਕੇਂਦਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ ਅਤੇ ਇਕ ਭਰੋਸੇਯੋਗ ਰਖਿਆ ਭਾਈਵਾਲ ਅਤੇ ਰਖਿਆ ਨਿਰਯਾਤਕ ਬਣਨ ਵੱਲ ਵਧ ਰਿਹਾ ਹੈ। ਰਾਸ਼ਟਰਪਤੀ ਨੇ ਕਿਹਾ, 'ਭਾਰਤ ਦਾ ਰਖਿਆ ਉਦਯੋਗ ਤੇਜ਼ੀ ਨਾਲ ਨਵੀਨਤਮ ਤਕਨਾਲੋਜੀ ਨੂੰ ਅਪਣਾ ਰਿਹਾ ਹੈ ਅਤੇ ਪ੍ਰਧਾਨ ਮੰਤਰੀ ਮੋਦੀ ਦੇ ਸਵੈ-ਨਿਰਭਰ ਭਾਰਤ ਦੇ ਵਿਜ਼ਨ ਦੇ ਅਨੁਸਾਰ ਅੱਗੇ ਵਧ ਰਿਹਾ ਹੈ।' ਉਨ੍ਹਾਂ ਕਿਹਾ ਕਿ ਭਾਰਤ ਦੀਆਂ ਰਖਿਆ ਕੰਪਨੀਆਂ ਨੇ ਨਵਾਂ ਮਾਪਦੰਡ ਤੈਅ ਕੀਤਾ ਹੈ ਤੇ ਉਨ੍ਹਾਂ ਕੰਪਨੀਆਂ ਰਾਹੀਂ ਦੇਸ਼ ਸੌ ਤੋਂ ਵੱਧ ਦੇਸ਼ਾਂ ਨੂੰ ਰਖਿਆ ਉਪਕਰਨ ਨਿਰਯਾਤ ਕਰ ਚੁੱਕਾ ਹੈ। ਉਨ੍ਹਾਂ ਨੇ ਕਿਹਾ ਕਿ ਪਿਛਲੇ ਦਹਾਕੇ ਵਿਚ ਭਾਰਤ ਦੇ ਰਖਿਆ ਨਿਰਯਾਤ ਵਿਚ 30 ਗੁਣਾ ਵਾਧਾ ਹੋਇਆ ਹੈ ਅਤੇ 'ਮੇਕ ਇਨ ਇੰਡੀਆ' ਪ੍ਰੋਗਰਾਮ ਨੇ ਇਸ ਵਾਧੇ ਵਿਚ ਵੱਡੀ ਭੂਮਿਕਾ ਨਿਭਾਈ ਹੈ। ਮੁਰਮੂ ਨੇ ਹਥਿਆਰਬੰਦ ਬਲਾਂ ਸਮੇਤ ਹਰ ਖੇਤਰ 'ਚ ਔਰਤਾਂ ਦੇ ਛੱਡੇ ਗਏ ਨਿਸ਼ਾਨ 'ਤੇ ਮਾਣ ਜ਼ਾਹਰ ਕੀਤਾ ਅਤੇ ਦੁਨੀਆ ਦੇ ਸਭ ਤੋਂ ਉੱਚੇ ਜੰਗੀ ਮੈਦਾਨ ਸਿਆਚਿਨ 'ਚ ਮਹਿਲਾ ਅਧਿਕਾਰੀਆਂ ਦੀ ਤਾਇਨਾਤੀ 'ਤੇ ਖੁਸ਼ੀ ਜ਼ਾਹਰ ਕੀਤੀ। (ਏਜੰਸੀ)

ਦਿੱਲੀ ਦੇ ਪੀਵੀਆਰ ਨੇੜੇ ਬੰਬ ਧਮਾਕਾ, ਇਕ ਜ਼ਖ਼ਮੀ

ਮੌਕੇ ਤੋਂ ਚਿੱਟਾ ਪਾਊਡਰ ਮਿਲਣ ਬਾਅਦ ਇਲਾਕੇ ਦੀ ਕੀਤੀ ਘੇਰਾਬੰਦੀ

ਨਵੀਂ ਦਿੱਲੀ, 28 ਨਵੰਬਰ : ਦਿੱਲੀ ਵਿਚ ਰੋਹਿਣੀ ਦੇ ਪ੍ਰਸ਼ਾਂਤ ਵਿਹਾਰ ਇਲਾਕੇ ਵਿਚ ਸਥਿਤ 'ਪੀਵੀਆਰ ਮਲਟੀਪਲੈਕਸ' ਨੇੜੇ ਵੀਰਵਾਰ ਨੂੰ ਘੱਟ ਤੀਬਰਤਾ ਵਾਲਾ ਧਮਾਕਾ ਹੋਇਆ। ਦਿੱਲੀ ਫ਼ਾਇਰ ਸਰਵਿਸ ਦੇ ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿਤੀ। ਪੁਲਿਸ ਨੇ ਦਸਿਆ ਕਿ ਧਮਾਕੇ ਕਾਰਨ ਨੇੜੇ ਖੜ੍ਹੇ ਥ੍ਰੀ-ਵਹੀਲਰ ਦੇ ਡਰਾਈਵਰ ਨੂੰ ਮਾਮੂਲੀ ਸੱਟਾਂ ਲੱਗੀਆਂ। ਪੂਰੇ ਇਲਾਕੇ ਦੀ ਘੇਰਾਬੰਦੀ ਕਰ ਦਿਤੀ ਗਈ ਹੈ। ਮੌਕੇ ਤੋਂ ਸਫ਼ੇਦ ਪਾਊਡਰ ਮਿਲਿਆ ਹੈ। ਦਿੱਲੀ ਫ਼ਾਇਰ ਸਰਵਿਸ ਦੇ ਇਕ ਅਧਿਕਾਰੀ ਨੇ ਕਿਹਾ, "ਸਾਨੂੰ ਸਵੇਰੇ 11.48 ਵਜੇ ਪ੍ਰਸ਼ਾਂਤ ਵਿਹਾਰ ਖੇਤਰ ਵਿਚ ਧਮਾਕੇ ਦੀ ਸੂਚਨਾ ਮਿਲੀ। ਅਸੀਂ ਫ਼ਾਇਰ ਬ੍ਰਿਗੇਡ ਦੀਆਂ ਚਾਰ ਗੱਡੀਆਂ ਨੂੰ ਮੌਕੇ 'ਤੇ ਭੇਜਿਆ। ਸਾਡੀ ਟੀਮ ਬਾਕੀ ਜਾਣਕਾਰੀ ਇਕੱਠੀ ਕਰ ਰਹੀ ਹੈ।" ਪੁਲਿਸ ਨੇ ਇਕ ਬਿਆਨ ਵਿਚ ਕਿਹਾ ਕਿ ਪੁਲਿਸ ਕੰਟਰੋਲ ਰੂਮ (ਪੀਸੀਆਰ) ਯੂਨਿਟ ਨੂੰ ਪ੍ਰਸ਼ਾਂਤ ਵਿਹਾਰ ਖੇਤਰ ਵਿਚ ਬੰਬ ਵਰਗੇ ਧਮਾਕੇ ਦੀ ਸੂਚਨਾ ਮਿਲੀ ਸੀ। ਬੰਬ ਨਿਰੋਧਕ ਦਸਤਾ, ਡੌਗ ਸਕੁਐਡ, ਸਥਾਨਕ ਪੁਲਿਸ ਬਲ ਅਤੇ ਦਿੱਲੀ ਫਾਇਰ ਸਰਵਿਸ ਮੌਕੇ 'ਤੇ ਮੌਜੂਦ ਹਨ।

ਧਮਾਕੇ ਤੋਂ ਬਾਅਦ ਮੁੱਖ ਮੰਤਰੀ ਆਤਿਸ਼ੀ ਨੇ ਕੇਂਦਰ ਸਰਕਾਰ 'ਤੇ ਸਾਧਿਆ ਨਿਸ਼ਾਨਾ

ਨਵੀਂ ਦਿੱਲੀ, 28 ਨਵੰਬਰ : ਦਿੱਲੀ ਦੇ ਰੋਹਿਣੀ ਵਿਚ ਪੀਵੀਆਰ ਪ੍ਰਸ਼ਾਂਤ ਵਿਹਾਰ ਨੇੜੇ ਹੋਏ ਧਮਾਕੇ ਤੋਂ ਕੁਝ ਘੰਟੇ ਬਾਅਦ ਮੁੱਖ ਮੰਤਰੀ ਆਤਿਸ਼ੀ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਰਾਸ਼ਟਰੀ ਰਾਜਧਾਨੀ ਵਿਚ ਕਾਨੂੰਨ ਵਿਵਸਥਾ ਬਣਾਈ ਰੱਖਣ ਵਿਚ ਨਾਕਾਮ ਰਹਿਣ ਦਾ ਦੋਸ਼ ਲਗਾਇਆ ਸੀ। ਮੁੱਖ ਮੰਤਰੀ ਆਤਿਸ਼ੀ ਨੇ ਪ੍ਰੈੱਸ ਕਾਨਫ਼ਰੰਸ 'ਚ ਧਮਾਕੇ ਦੀ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦੋ ਮਹੀਨਿਆਂ ਵਿਚ ਇਸੇ ਇਲਾਕੇ 'ਚ ਇਹ ਦੂਜੀ ਘਟਨਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਹ ਸਥਿਤੀ ਕਾਨੂੰਨ ਵਿਵਸਥਾ ਅਤੇ ਸੁਰੱਖਿਆ ਉਪਾਵਾਂ ਵਿਚ ਵੱਡੀ ਨਾਕਾਮੀ ਨੂੰ ਦਰਸਾਉਂਦੀ ਹੈ। ਉਨ੍ਹਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ 'ਤੇ ਦਿੱਲੀ ਵਾਸੀਆਂ ਦੀ ਸੁਰੱਖਿਆ ਨੂੰ ਨਜ਼ਰਅੰਦਾਜ਼ ਕਰਨ ਦਾ ਵੀ ਦੋਸ਼ ਲਾਇਆ।

ਇਕ ਨਜ਼ਰ

ਵਕਫ਼ ਬਿਲ ਧਰਮ-ਨਿਰਪੱਖਤਾ ਦੇ ਉਲਟ, ਮੁਸਲਮਾਨਾਂ ਦੇ ਹੱਕ ਖੋਹ ਲਵੇਗਾ : ਮਮਤਾ

ਕੋਲਕਾਤਾ, 28 ਨਵੰਬਰ : ਪਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਵੀਰਵਾਰ ਨੂੰ ਵਕਫ਼ (ਸੋਧ) ਬਿਲ ਨੂੰ 'ਧਰਮ-ਨਿਰਪੱਖ ਦੇ ਉਲਟ' ਕਰਾਰ ਦਿਤਾ ਅਤੇ ਦਾਅਵਾ ਕੀਤਾ ਕਿ ਇਹ ਮੁਸਲਮਾਨਾਂ ਦੇ ਅਧਿਕਾਰਾਂ ਨੂੰ ਖੋਹ ਲਵੇਗਾ। ਬੈਨਰਜੀ ਨੇ ਵਿਧਾਨ ਸਭਾ 'ਚ ਇਹ ਵੀ ਕਿਹਾ ਕਿ ਕੇਂਦਰ ਨੇ ਇਸ ਮਾਮਲੇ 'ਤੇ ਰਾਜਾਂ ਨਾਲ ਸਲਾਹ ਨਹੀਂ ਕੀਤੀ। ਉਨ੍ਹਾਂ ਕਿਹਾ, "ਇਹ ਸੰਘੀ ਢਾਂਚੇ ਅਤੇ ਧਰਮ-ਨਿਰਪੱਖਤਾ ਦੇ ਉਲਟ ਹੈ ਅਤੇ ਇਹ ਇਕ ਵਿਸ਼ੇਸ਼ ਵਰਗ ਨੂੰ ਬਦਨਾਮ ਕਰਨ ਦੀ ਜਾਣਬੁਝ ਕੇ ਕੀਤੀ ਗਈ ਕੋਸ਼ਿਸ਼ ਹੈ। ਇਸ ਨਾਲ ਮੁਸਲਮਾਨਾਂ ਦੇ ਅਧਿਕਾਰ ਖੋਹ ਲਏ ਜਾਣਗੇ... ਕੇਂਦਰ ਨੇ ਵਕਫ਼ ਬਿਲ 'ਤੇ ਸਾਡੇ ਨਾਲ ਸਲਾਹ ਨਹੀਂ ਕੀਤੀ।" ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਕਿਸੇ ਵੀ ਧਰਮ 'ਤੇ ਹਮਲਾ ਹੁੰਦਾ ਹੈ ਤਾਂ ਉਹ ਇਸ ਦੀ ਦਿਲੋਂ ਨਿਖੇਧੀ ਕਰਨਗੇ। ਵਿਰੋਧੀ ਪਾਰਟੀਆਂ ਨੇ ਮੌਜੂਦਾ ਵਕਫ਼ ਐਕਟ ਵਿਚ ਬਿਲ ਦੁਆਰਾ ਪ੍ਰਸਤਾਵਿਤ ਸੋਧਾਂ ਦੀ ਸਖ਼ਤ ਆਲੋਚਨਾ ਕੀਤੀ ਹੈ ਅਤੇ ਦੋਸ਼ ਲਾਇਆ ਹੈ ਕਿ ਇਹ ਸੋਧਾਂ ਮੁਸਲਮਾਨਾਂ ਦੇ ਧਾਰਮਕ ਅਧਿਕਾਰਾਂ ਦੀ ਉਲੰਘਣਾ ਕਰਦੀਆਂ ਹਨ। (ਏਜੰਸੀ)

ਵਿਦੇਸ਼ ਮੰਤਰਾਲਾ 11 ਦਸੰਬਰ ਨੂੰ ਬੰਗਲਾਦੇਸ਼ ਮੁੱਦੇ 'ਤੇ ਸੰਸਦੀ ਕਮੇਟੀ ਨੂੰ ਦੇਵੇਗਾ ਜਾਣਕਾਰੀ: ਥਰੂਰ

ਨਵੀਂ ਦਿੱਲੀ, 28 ਨਵੰਬਰ : ਕਾਂਗਰਸ ਦੇ ਸੰਸਦ ਮੈਂਬਰ ਸ਼ਸ਼ੀ ਥਰੂਰ ਨੇ ਵੀਰਵਾਰ ਨੂੰ ਕਿਹਾ ਕਿ ਵਿਦੇਸ਼ ਮੰਤਰਾਲੇ ਦੇ ਅਧਿਕਾਰੀ 11 ਦਸੰਬਰ ਨੂੰ ਬੰਗਲਾਦੇਸ਼ ਦੀ ਸਥਿਤੀ 'ਤੇ ਵਿਦੇਸ਼ ਮਾਮਲਿਆਂ ਦੀ ਸੰਸਦੀ ਸਥਾਈ ਕਮੇਟੀ ਨੂੰ ਜਾਣਕਾਰੀ ਦੇਣਗੇ। ਥਰੂਰ ਇਸ ਕਮੇਟੀ ਦੇ ਮੁਖੀ ਹਨ। ਉਨ੍ਹਾਂ ਕਿਹਾ ਕਿ ਬੰਗਲਾਦੇਸ਼ ਵਿਚ ਵਾਪਰ ਰਹੀਆਂ ਘਟਨਾਵਾਂ ਚਿੰਤਾਜਨਕ ਅਤੇ ਪ੍ਰੇਸ਼ਾਨ ਕਰਨ ਵਾਲੀਆਂ ਹਨ। ਇਹ ਪੁੱਛੇ ਜਾਣ 'ਤੇ ਕਿ ਕੀ ਉਨ੍ਹਾਂ ਦੀ ਅਗਵਾਈ ਵਾਲੀ ਕਮੇਟੀ ਨੇ ਬੰਗਲਾਦੇਸ਼ ਦੀ ਸਥਿਤੀ 'ਤੇ ਵਿਦੇਸ਼ ਮੰਤਰਾਲੇ ਤੋਂ ਜਾਣਕਾਰੀ ਮੰਗੀ ਸੀ, ਥਰੂਰ ਨੇ ਕਿਹਾ, 'ਹਾਂ, ਅਸੀਂ ਕੁਝ ਹਫ਼ਤਿਆਂ ਬਾਅਦ 11 ਦਸੰਬਰ ਨੂੰ ਬੰਗਲਾਦੇਸ਼ ਮੁੱਦੇ 'ਤੇ ਜਾਣਕਾਰੀ ਮੰਗੀ ਹੈ। ਅਗਲੇ ਹਫ਼ਤੇ, ਕੁਝ ਪੈਂਡਿੰਗ ਮੁੱਦੇ ਹਨ ਜਿਨ੍ਹਾਂ 'ਤੇ ਵਿਦੇਸ਼ ਸਕੱਤਰ ਸਾਨੂੰ ਜਾਣਕਾਰੀ ਦੇਣਗੇ।' (ਏਜੰਸੀ)

ਦਿੱਲੀ 'ਚ ਹਵਾ ਦੀ ਗੁਣਵੱਤਾ 'ਬਹੁਤ ਖ਼ਰਾਬ' ਸ਼੍ਰੇਣੀ ਵਿਚ ਪਹੁੰਚੀ

ਨਵੀਂ ਦਿੱਲੀ, 28 ਨਵੰਬਰ : ਦਿੱਲੀ ਵਿਚ ਵੀਰਵਾਰ ਦੀ ਸਵੇਰੇ ਪ੍ਰਦੂਸ਼ਣ ਦਾ ਪੱਧਰ ਥੋੜਾ ਵੱਧ ਗਿਆ ਅਤੇ ਹਵਾ ਦੀ ਗੁਣਵੱਤਾ 'ਬਹੁਤ ਖ਼ਰਾਬ' ਸ਼੍ਰੇਣੀ ਵਿਚ ਪਹੁੰਚ ਗਈ। ਇਸ ਗੱਲ ਦੀ ਜਾਣਕਾਰੀ ਅਧਿਕਾਰੀਆਂ ਵਲੋਂ ਦਿਤੀ ਗਈ ਹੈ। ਕੇਂਦਰੀ ਪ੍ਰਦੂਸ਼ਣ ਬੋਰਡ (ਸੀਪੀਸੀਬੀ) ਦੇ ਅੰਕੜਿਆਂ ਅਨੁਸਾਰ ਸਵੇਰੇ 9 ਵਜੇ ਦਿੱਲੀ ਦਾ ਹਵਾ ਗੁਣਵੱਤਾ ਸੂਚਕਾਂਕ (ਏਕਿਊਆਈ) 313 ਦਰਜ ਕੀਤਾ ਗਿਆ, ਜਦਕਿ ਬੁਧਵਾਰ ਸਵੇਰੇ 9 ਵਜੇ ਇਹ 301 ਸੀ। ਰਾਸ਼ਟਰੀ ਰਾਜਧਾਨੀ 'ਚ ਧੂੰਏਂ ਦੀ ਸੰਘਣੀ ਪਰਤ ਬਣੀ ਰਹੀ। ਸੀਪੀਸੀਬੀ ਦੇ ਅੰਕੜਿਆਂ ਅਨੁਸਾਰ ਹਵਾ ਦੀ ਗੁਣਵੱਤਾ ਦੇ ਡੇਟਾ ਨੂੰ ਰਿਕਾਰਡ ਕਰਨ ਵਾਲੇ 38 ਨਿਗਰਾਨੀ ਸਟੇਸ਼ਨਾਂ ਵਿਚੋਂ ਕਿਸੇ ਨੇ ਵੀ ਗੰਭੀਰ ਸ਼੍ਰੇਣੀ ਵਿਚ ਏਕਿਊਆਈ ਪੱਧਰ ਦੀ ਰਿਪੋਰਟ ਨਹੀਂ ਕੀਤੀ। ਇਸ ਦੌਰਾਨ ਭਾਰਤੀ ਮੌਸਮ ਵਿਭਾਗ (ਆਈਐਮਡੀ) ਨੇ ਕਿਹਾ ਕਿ ਦਿੱਲੀ ਵਿਚ ਘੱਟੋ-ਘੱਟ ਤਾਪਮਾਨ 10.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਆਮ ਨਾਲੋਂ 0.2 ਡਿਗਰੀ ਘੱਟ ਹੈ। ਆਈਐਮਡੀ ਨੇ ਦਿਨ ਵੇਲੇ ਆਸਮਾਨ ਸਾਫ਼ ਰਹਿਣ ਦੀ ਭਵਿੱਖਬਾਣੀ ਕੀਤੀ ਹੈ। (ਏਜੰਸੀ)

ਸੁਪਰੀਮ ਕੋਰਟ ਸੰਭਲ ਮਸਜਿਦ ਦੇ ਸਰਵੇਖਣ ਦੇ ਹੁਕਮ ਨੂੰ ਚੁਨੌਤੀ ਦੇਣ ਵਾਲੀ ਪਟੀਸ਼ਨ 'ਤੇ ਅੱਜ ਕਰੇਗਾ ਸੁਣਵਾਈ

ਨਵੀਂ ਦਿੱਲੀ, 28 ਨਵੰਬਰ : ਸੁਪਰੀਮ ਕੋਰਟ ਉੱਤਰ ਪ੍ਰਦੇਸ਼ ਦੇ ਸੰਭਲ ਵਿਚ ਮੁਗ਼ਲ ਦੌਰ ਦੀ ਮਸਜਿਦ ਦਾ ਸਰਵੇਖਣ ਕਰਨ ਦੇ ਜ਼ਿਲ੍ਹਾ ਅਦਾਲਤ ਦੇ 19 ਨਵੰਬਰ ਦੇ ਆਦੇਸ਼ ਨੂੰ ਚੁਨੌਤੀ ਦੇਣ ਵਾਲੀ ਪਟੀਸ਼ਨ 'ਤੇ ਸ਼ੁਕਰਵਾਰ ਨੂੰ ਸੁਣਵਾਈ ਕਰੇਗਾ। ਸੁਪਰੀਮ ਕੋਰਟ ਦੀ ਵੈੱਬਸਾਈਟ 'ਤੇ 29 ਨਵੰਬਰ ਨੂੰ ਅਪਲੋਡ ਕੀਤੀ ਗਈ ਕਾਰਨ ਸੂਚੀ ਅਨੁਸਾਰ ਚੀਫ਼ ਜਸਟਿਸ ਸੰਜੀਵ ਖੰਨਾ ਦੀ ਅਗਵਾਈ ਵਾਲਾ ਬੈਂਚ ਸ਼ਾਹੀ ਜਾਮਾ ਮਸਜਿਦ, ਸੰਭਲ ਦੀ ਪ੍ਰਬੰਧਕ ਕਮੇਟੀ ਵਲੋਂ ਦਾਇਰ ਪਟੀਸ਼ਨ 'ਤੇ ਸੁਣਵਾਈ ਕਰੇਗਾ। ਪਟੀਸ਼ਨ ਵਿਚ ਸਿਵਲ ਜੱਜ ਵਲੋਂ 19 ਨਵੰਬਰ ਦੇ ਹੁਕਮਾਂ ਨੂੰ ਲਾਗੂ ਕਰਨ 'ਤੇ ਰੋਕ ਲਾਉਣ ਦੀ ਮੰਗ ਕੀਤੀ ਗਈ ਹੈ। (ਏਜੰਸੀ)

ਹੱਥ 'ਚ ਸੰਵਿਧਾਨ ਦੀ ਕਾਪੀ ਲੈ ਕੇ ਪ੍ਰਿਯੰਕਾ ਗਾਂਧੀ ਨੇ ਸੰਸਦ ਮੈਂਬਰ ਵਜੋਂ ਚੁਕੀ ਸਹੁੰ

ਪਹਿਲੀ ਵਾਰ ਸੰਸਦ 'ਚ ਪਹੁੰਚੇ ਗਾਂਧੀ-ਨਹਿਰੂ ਪਰਵਾਰ ਦੇ ਤਿੰਨ ਮੈਂਬਰ

ਨਵੀਂ ਦਿੱਲੀ, 28 ਨਵੰਬਰ : ਕੇਰਲ ਦੇ ਵਾਇਨਾਡ ਤੋਂ ਲੋਕ ਸਭਾ ਮੈਂਬਰ ਚੁਣੀ ਗਈ ਕਾਂਗਰਸ ਜਨਰਲ ਸਕੱਤਰ ਪ੍ਰਿਯੰਕਾ ਗਾਂਧੀ ਵਾਡਰਾ ਨੇ ਵੀਰਵਾਰ ਨੂੰ ਹੇਠਲੇ ਸਦਨ ਦੀ ਮੈਂਬਰੀ ਦੀ ਸਹੁੰ ਚੁਕੀ। ਸਹੁੰ ਚੁੱਕਣ ਤੋਂ ਬਾਅਦ ਉਨ੍ਹਾਂ ਕਿਹਾ ਕਿ ਲੋਕਾਂ ਦੇ ਅਹਿਮ ਮੁੱਦਿਆਂ ਨੂੰ ਉਠਾਉਣਾ, ਦੇਸ਼ ਅਤੇ ਪਾਰਟੀ ਲਈ ਕੰਮ ਕਰਨਾ ਉਨ੍ਹਾਂ ਦੀ ਪਹਿਲ ਹੋਵੇਗੀ ਅਤੇ ਉਹ ਸੰਵਿਧਾਨ ਦੇ ਸਿਧਾਂਤਾਂ ਲਈ ਲੜੇਗੀ। ਪ੍ਰਿਯੰਕਾ ਨੇ ਹਿੰਦੀ ਭਾਸ਼ਾ ਵਿਚ ਸਹੁੰ ਚੁਕੀ ਅਤੇ ਇਸ ਦੌਰਾਨ ਉਨ੍ਹਾਂ ਨੇ ਅਪਣੇ ਹੱਥ ਵਿਚ ਸੰਵਿਧਾਨ ਦੀ ਕਾਪੀ ਫੜੀ ਹੋਈ ਸੀ। ਜਦੋਂ ਉਹ ਸਹੁੰ ਚੁੱਕਣ ਲਈ ਉੱਠੀ ਤਾਂ ਕਾਂਗਰਸ ਦੇ ਸੰਸਦ ਮੈਂਬਰਾਂ ਨੇ 'ਜੋੜੋ-ਜੋੜੋ, ਭਾਰਤ ਜੋੜੋ' ਦੇ ਨਾਹਰੇ ਲਾਏ।

ਮਹਾਰਾਸ਼ਟਰ ਦੇ ਨਾਂਦੇੜ ਤੋਂ ਲੋਕ ਸਭਾ ਮੈਂਬਰ ਚੁਣੇ ਗਏ ਕਾਂਗਰਸੀ ਆਗੂ ਰਵਿੰਦਰ ਬਸੰਤਰਾਓ ਚਵ੍ਹਾਨ ਨੇ ਵੀ ਸਦਨ ਦੀ ਮੈਂਬਰੀ ਦੀ ਸਹੁੰ ਚੁਕੀ। ਸਹੁੰ ਚੁੱਕਣ ਬਾਅਦ 52 ਸਾਲਾ ਪ੍ਰਿਯੰਕਾ ਗਾਂਧੀ ਵਾਡਰਾ ਨੇ ਲੋਕ ਸਭਾ ਸਪੀਕਰ ਓਮ ਬਿਰਲਾ ਦਾ ਹੱਥ ਜੋੜ ਕੇ ਸਵਾਗਤ ਕੀਤਾ। ਸਹੁੰ ਚੁੱਕਣ ਬਾਅਦ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਪ੍ਰਿਯੰਕਾ ਨੂੰ ਗਲੇ ਲਗਾ ਕੇ ਵਧਾਈ ਦਿਤੀ। ਕਾਂਗਰਸ ਜਨਰਲ ਸਕੱਤਰ ਦੇ ਸਹੁੰ ਚੁੱਕ ਸਮਾਗਮ ਮੌਕੇ ਉਨ੍ਹਾਂ ਦੀ ਮਾਂ ਅਤੇ ਪਾਰਟੀ ਦੀ ਸੰਸਦੀ ਦਲ ਦੀ ਮੁਖੀ ਸੋਨੀਆ ਗਾਂਧੀ, ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਉਨ੍ਹ